

*ਹੈਰੋਇਨ ਸਮੇਤ ਫੜੇ ਗਏ ਮੁਲਜ਼ਮ ਪੁਲਸ ਪਾਰਟੀ ਦੇ ਨਾਲ। ਦਲਜੀਤ*

# 21 ਗ੍ਰਾਮ ਹੈਰੋਇਨ ਸਮੇਤ ਦੋ ਕਾਬੂ

ਸ੍ਰੀ ਅਨੰਦਪੁਰ ਸਾਹਿਬ, 11 ਸਤੰਬਰ (ਦਲਜੀਤ ਸਿੰਘ)- ਪੁਲਸ ਵੱਲੋਂ 21 ਸਮੇਤ ਦੋ ਨੌਜਵਾਨਾਂ ਨੂੰ ਕਾਬੂ ਕਰਨ ਦਾ ਸਮਾਚਾਰ ਹੈ। ਜਾਣਕਾਰੀ ਦਿੰਦਿਆਂ ਚੌਕੀ ਇੰਚਾਰਜ ਸਬ ਇੰਸਪੈਕਟਰ ਗੁਰਮੁਖ ਸਿੰਘ ਨੇ ਦੱਸਿਆ ਕਿ ਨਸ਼ੇ ਦੇ ਸੌਦਾਗਰਾਂ ਨੂੰ ਫੜਨ ਲਈ ਬਣਾਈਆਂ ਵੱਖ-ਵੱਖ ਟੀਮਾਂ 'ਚੋਂ ਇਕ ਟੀਮ ਨੇ ਗਸ਼ਤ ਦੌਰਾਨ ਅਗੰਮਪੁਰ ਚੌਕ ਤੋਂ ਗੜ੍ਹਸ਼ੰਕਰ ਜਾਂਦਿਆ ਰਸਤੇ 'ਚ ਪੈਂਦੀ ਅਨਾਜ ਮੰਡੀ ਦੇ ਨਜ਼ਦੀਕ ਤੋਂ ਕ੍ਰੇਸ਼ਰ ਜ਼ੋਨ ਵੱਲ ਜਾਂਦੇ ਰਸਤੇ 'ਚ ਇਕ ਸਿਲਵਰ ਰੰਗ ਦੇ ਮੋਟਰਸਾਈਕਲ ਜਿਸ ਉੱਪਰ ਦੋ ਨੌਜਵਾਨ ਸਵਾਰ ਸਨ ਨੂੰ ਸ਼ੱਕ ਦੇ ਆਧਾਰ 'ਤੇ ਪੁਲਸ ਪਾਰਟੀ ਵੱਲੋਂ ਰੁਕਣ ਦਾ ਇਸ਼ਾਰਾ ਕੀਤਾ ਗਿਆ ।

ਉਨ੍ਹਾਂ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਉਕਤ ਦੋਵਾਂ ਨੌਜਵਾਨਾਂ ਨੂੰ ਫੜਕੇ ਜਦੋਂ ਸੁੱਟੇ ਮੋਮੀ ਲਿਫਾਫੇ ਨੂੰ ਚੁੱਕ ਕੇ ਖੋਲ੍ਹਿਆ ਗਿਆ ਤਾਂ ਉਸ 'ਚੋਂ 21 ਗ੍ਰਾਮ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਦੋਹਾਂ ਨੌਜਵਾਨਾਂ ਦੀ ਪਛਾਣ ਸੁਨੀਲ ਕੁਮਾਰ ਉਰਫ ਸੰਨੀ ਪੁੱਤਰ ਤਰਸੇਮ ਲਾਲ ਵਾਸੀ ਗ੍ਰੀਨ ਐਵੇਨਿਊ ਕਾਲੋਨੀ ਨੇੜੇ ਜਗਦੇਵ ਸਕੂਲ ਫਰੀਦਕੋਟ ਰੋਡ ਥਾਣਾ ਗੁਰੂ ਹਰਸਹਾਏ, ਜ਼ਿਲਾ ਫਿਰੋਜ਼ਪੁਰ ਅਤੇ ਲਖਵਿੰਦਰ ਸਿੰਘ ਉਰਫ ਭੀਨਾ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਕੇਹਰ ਸਿੰਘ ਵਾਲਾ ਥਾਣਾ ਗੁਰੂ ਹਰਿਸਹਾਏ ਜ਼ਿਲਾ ਫਿਰੋਜ਼ਪੁਰ ਵਜੋਂ ਹੋਈ ਹੈ ਅਤੇ ਦੋਹਾਂ ਨੌਜਵਾਨਾਂ ਨੂੰ ਗ੍ਰਿਫਤਾਰ ਕਰ ਕੇ ਮਾਮਲਾ ਦਰਜ ਕਰ ਲਿਆ ਗਿਆ ਹੈ।